# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :30-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਦੇਸ਼ ਅੱਜ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 78ਵੀਂ ਬਰਸੀ ਮੌਕੇ ਸ਼ਰਧਾਂਜਲੀ ਭੇਟ ਕਰ ਰਿਹਾ ਏ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਿਹਤ ਵਿਭਾਗ ਦੇ ਨਵ ਨਿਯੁਕਤ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ।

- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਅੱਜ ਬਟਾਲਾ ਵਿੱਚ, ਅੰਮ੍ਰਿਤਸਰ, ਬਟਾਲਾ, ਗੁਰਦਾਸਪੁਰ, ਪਠਾਨਕੋਟ ਅਤੇ ਤਰਨਤਾਰਨ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨਾਲ ਗੈਂਗਸਟਰਾਂ ਖਿਲਾਫ ਕਾਰਵਾਈ ਬਾਰੇ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ।

- ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਦੇ ਨੈਟਵਰਕ ਦਾ ਪਰਦਾਫਾਸ਼ ਕਰਦਿਆਂ 2 ਤਸਕਰਾਂ ਨੂੰ 51 ਕਿਲੋ ਤੋਂ ਵੱਧ ਹੈਰੋਇਨ ਸਮੇਤ ਕੀਤਾ ਗਿਰਫ਼ਤਾਰ ।

- ਕੇਂਦਰ ਸਰਕਾਰ ਦੇ ਵਨ ਮਹੋਤਸਵ ਅਭਿਆਨ ਤਹਿਤ ਹੁਸ਼ਿਆਰਪੁਰ ਸਥਿਤ BSF ਦੇ ਖੜਕਾਂ ਕੈਂਪ ਵਿੱਚ ਬੂਟੇ ਲਾਉਣ ਦੀ ਮੁਹਿੰਮ ਚਲਾਈ ਗਈ।

- ਵੋਟਰ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਤਰਨਤਾਰਨ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜ਼ਿਲ੍ਹਾ ਪੱਧਰੀ ਪੈਦਲ ਮਾਰਚ ਦਾ ਆਯੋਜਨ।

***ਹੁਣ ਖਬਰਾਂ ਵਿਸਥਾਰ ਨਾਲ***

ਦੇਸ਼ ਅੱਜ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 78ਵੀਂ ਬਰਸੀ ਮੌਕੇ ਸ਼ਰਧਾਂਜਲੀ ਭੇਟ ਕਰ ਰਿਹਾ ਏ। ਇਸ ਮੌਕੇ, ਨਵੀਂ ਦਿੱਲੀ ਦੇ ਰਾਜਘਾਟ ਸਥਿਤ ਗਾਂਧੀ ਸਮਾਧੀ ਵਿਖੇ ਸਰਵ-ਧਰਮ ਪ੍ਰਾਰਥਨਾ ਕਰਵਾਈ ਗਈ। ਰਾਸ਼ਟਰਪਤੀ ਦਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਜਘਾਟ ਵਿਖੇ ਪੁੱਜ ਕੇ ਮਹਾਤਮਾ ਗਾਂਧੀ ਦੇ ਸਮਾਰਕ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ।

ਹਰ ਸਾਲ 30 ਜਨਵਰੀ ਨੂੰ, ਦੇਸ਼ ਮਹਾਤਮਾ ਗਾਂਧੀ ਦੇ ਜੀਵਨ ਤੇ ਵਿਰਾਸਤ ਦਾ ਸਨਮਾਨ ਕਰਦਾ ਏ, ਜੋ ਦੇਸ਼ ਦੇ ਆਜ਼ਾਦੀ ਸੰਘਰਸ਼ ਦੇ ਮਾਰਗ-ਦਰਸ਼ਕ ਸਨ। ਇਸ ਦਿਨ ਨੂੰ ਭਾਰਤ ਦੀ ਆਜ਼ਾਦੀ ਤੇ ਏਕਤਾ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਸਾਰੇ ਆਜ਼ਾਦੀ ਘੁਲਾਟੀਆਂ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸ਼ਹੀਦ ਦਿਵਸ ਜਾਂ ਬਲੀਦਾਨ ਦਿਵਸ ਵਜੋਂ ਵੀ ਮਨਾਇਆ ਜਾਂਦਾ ਏ ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਿਹਤ ਵਿਭਾਗ ਦੇ ਨਵ ਨਿਯੁਕਤ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ । ਅੱਜ ਮੋਹਾਲੀ ਸਥਿਤ ਵਿਕਾਸ ਭਵਨ ਵਿਖੇ ਹੋਏ ਇਕ ਪ੍ਰੋਗਰਾਮ ਦੌਰਾਨ ਵੱਖ-ਵੱਖ ਵਿਭਾਗਾਂ ਦੇ 916 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ । ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਸਾਰਿਆਂ ਨੂੰ ਤਨਦੇਹੀ ਨਾਲ ਸੇਵਾ ਕਰਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਹੁਣ ਤੱਕ 63 ਹਜ਼ਾਰ 943 ਨੌਜਵਾਨਾਂ ਨੂੰ ਬਿਨਾਂ ਰਿਸ਼ਵਤ ਅਤੇ ਬਿਨਾਂ ਸਿਫ਼ਾਰਸ਼ ਸਰਕਾਰੀ ਨੌਕਰੀਆਂ ਮਿਲੀ ਏ । ਇਸ ਮੌਕੇ ਸਿਹਤ ਮੰਤਰੀ ਬਲਬੀਰ ਸਿੰਘ ਨੇ ਕਿਹਾ ।

BYTE

---------------------------------------------------------------

ਪੰਜਾਬ ਸਰਕਾਰ ਵਲੋਂ ਅੱਜ ਸੂਬੇ ਭਰ ਦੇ ਢਾਈ ਲੱਖ ਤੋਂ ਵੱਧ ਅਨੁਸੂਚਿਤ ਜਾਤੀ  ਵਿਦਿਆਰਥੀਆਂ ਨੂੰ ਪੋਸਟ ਮੈਟ੍ਰਿਕ ਸਕਾਲਰਸ਼ਿਪ ਵੰਡੀ ਗਈ। ਸਾਲ 2020-21 ਦੇ ਮੁਕਾਬਲੇ 2024-25 'ਚ ਸਕਾਲਰਸ਼ਿਪ ਲੈਣ ਵਾਲੇ ਵਿਦਿਆਰਥੀਆਂ ਦੀ ਗਿਣਤੀ 'ਚ 35 ਫ਼ੀਸਦੀ ਵਾਧਾ ਹੋਇਆ ਏ। ਇਸ ਮੌਕੇ ਜਲੰਧਰ ਵਿਖੇ ਹੋਏ ਪ੍ਰੋਗਰਾਮ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ , ਸਮਾਜਿਕ ਸੁਰੱਖਿਆ ਮਹਿਲਾ ਤੇ ਬਾਲ ਵਿਕਾਸ ਮੰਤਰੀ DR ਬਲਜੀਤ ਕੌਰ , ਵਿਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਹੋਰ ਪਤਵੰਤੇ ਵੀ ਮੌਜੂਦ ਰਹੇ।   ਉਨ੍ਹਾਂ ਸੂਬੇ ਦੇ ਸਾਰੇ ਵਿਦਿਆਰਥੀਆਂ ਦੀ ਭਲਾਈ ਦੀ ਵਚਨਬਧੱਤਾ ਨੂੰ ਦੁਹਰਾਇਆ

---------------------------------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅਜ ਬਟਾਲਾ ਵਿੱਚ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ, ਬਾਰਡਰ ਰੇਂਜ, ਅਤੇ ਫਿਰੋਜ਼ਪੁਰ ਰੇਂਜ ਦੇ ਅਧਿਕਾਰੀਆਂ ਨਾਲ ਗੈਂਗਸਟਰਾਂ ਖਿਲਾਫ ਕਾਰਵਾਈ ਬਾਰੇ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ,  ਜਿਸ ਵਿੱਚ ਅੰਮ੍ਰਿਤਸਰ ਦਿਹਾਤੀ, ਬਟਾਲਾ, ਗੁਰਦਾਸਪੁਰ, ਪਠਾਨਕੋਟ ਅਤੇ ਤਰਨਤਾਰਨ ਪੁਲਿਸ ਸ਼ਾਮਲ ਰਹੀ। ਸਰਹੱਦ ਪਾਰ ਦਹਿਸ਼ਤਗਰਦੀ-ਅਪਰਾਧ ਗੱਠਜੋੜ ਨੂੰ ਖਤਮ ਕਰਨਾ, ਜਬਰੀ ਵਸੂਲੀ ਅਤੇ ਸੰਗਠਿਤ ਗਿਰੋਹਾਂ ਪ੍ਰਤੀ ਬਿੱਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ

ਅਪਣਾਉਣਾ ਅਤੇ ਸੰਚਾਲਨ ਤਿਆਰੀ ਅਤੇ ਸਾਂਝੀਆਂ ਕਾਰਵਾਈ ਯੋਜਨਾਵਾਂ ਨੂੰ ਵਧਾਉਣਾ ਇਸ ਮੀਟਿੰਗ ਦੇ ਮੁੱਖ ਏਜੰਡੇ ਸਨ । ਮੀਟਿੰਗ ਵਿੱਚ ਗੈਂਗਸਟਰ ਵਿਰੋਧੀ ਕਾਰਜ ਬਲ ਦੇ ADGP, ਕਾਊਂਟਰ ਇੰਟੈਲੀਜੈਂਸ ਦੇ ADGP, ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ , DIG ਬਾਰਡਰ ਰੇਂਜ, ਡੀਆਈਜੀ ਫਿਰੋਜ਼ਪੁਰ ਰੇਂਜ ਅਤੇ ਅੰਮ੍ਰਿਤਸਰ ਦਿਹਾਤੀ ਪੁਲਿਸ, ਬਟਾਲਾ ਪੁਲਿਸ, ਗੁਰਦਾਸਪੁਰ ਪੁਲਿਸ, ਪਠਾਨਕੋਟ ਪੁਲਿਸ ਅਤੇ ਤਰਨਤਾਰਨ ਪੁਲਿਸ ਦੇ ਐਸ.ਐਸ.ਪੀ ਸ਼ਾਮਲ ਹੋਏ। ਅਧਿਕਾਰੀਆਂ ਨੇ ਸੰਚਾਲਨ ਤਿਆਰੀ, ਸਾਂਝੀਆਂ ਕਾਰਵਾਈ ਯੋਜਨਾਵਾਂ ਅਤੇ ਭਾਈਚਾਰਕ ਸ਼ਮੂਲੀਅਤ ਉਪਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ ।

---------------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਦੇ ਨੈਟਵਰਕ ਦਾ ਪਰਦਾਫਾਸ਼ ਕਰਦਿਆਂ 2 ਤਸਕਰਾਂ ਨੂੰ 51 ਕਿਲੋ ਤੋਂ ਵੱਧ ਹੈਰੋਇਨ ਸਮੇਤ ਗਿਰਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਮੁਲਜ਼ਮ , ਆਪਣੇ ਪਾਕਿਸਤਾਨ-ਅਧਾਰਤ ਹੈਂਡਲਰ ਨਾਲ ਸਰਗਰਮ ਮਿਲੀਭੁਗਤ ਅਤੇ ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸ਼ਾਮਲ ਸਨ। ਉਨ੍ਹਾਂ ਦਸਿਆ ਕਿ ਮੋਬਾਈਲ ਫੋਨਾਂ ਦੀ ਵਿਸਥਾਰ ਵਿਚ ਕੀਤੀ ਜਾਂਚ ਤੋਂ ਕਈ ਸੰਚਾਰ ਟ੍ਰੇਲ ਅਤੇ ਹੋਰ ਡਿਜੀਟਲ ਸਬੂਤ ਸਾਹਮਣੇ ਆਏ ਨੇ ।

ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਥਾਣਾ ਘਰਿੰਡਾ ਵਿਖੇ ਮਾਮਲਾ ਦਰਜ ਕੀਤਾ ਗਿਆ ਏ । ਇਸ ਮਾਮਲੇ ਵਿਚ ਹੋਰ ਜਾਂਚ ਜਾਰੀ ਏ । DGP ਨੇ ਕਿਹਾ ਕਿ ਪੰਜਾਬ ਪੁਲਿਸ ਨਾਰਕੋ-ਦਹਿਸ਼ਤਗਰਦੀ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕਾਂ ਨੂੰ ਖਤਮ ਕਰਨ, ਸੁਰੱਖਿਆ ਅਤੇ ਨਸ਼ਾ ਮੁਕਤ ਪੰਜਾਬ ਨੂੰ ਯਕੀਨੀ ਬਣਾਉਣ ਲਈ ਦ੍ਰਿੜ ਏ ।

---------------------------------------------------------------

ਕੇਂਦਰੀ ਸੰਚਾਰ ਬਿਊਰੋ-CBC ਨੇ ਕਪੂਰਥਲਾ ਸਥਿਤ ਹਿੰਦੂ ਕੰਨਿਆ ਕਾਲਜ ਦੇ ਸਹਿਯੋਗ ਨਾਲ ਕੇਂਦਰ ਸਰਕਾਰ ਦੀਆਂ ਵੱਖ-ਵੱਖ ਪ੍ਰਮੁੱਖ ਯੋਜਨਾਵਾਂ ਬਾਰੇ ਇੱਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ । ਇਸਦਾ ਉਦੇਸ਼ ਕਾਲਜ ਵਿਚ ਅੰਡਰ-ਗ੍ਰੈਜੂਏਟ ਵਿਦਿਆਰਥੀਆਂ ਅਤੇ ਫੈਕਲਟੀ ਨੂੰ ਇਨ੍ਹਾਂ ਯੋਜਨਾਵਾਂ ਦੇ ਲਾਭ ਪ੍ਰਾਪਤ ਕਰਨ ਬਾਰੇ ਜਾਗਰੂਕ ਕਰਨਾ ਸੀ । ਪੰਜਾਬ ਪੁਲਿਸ ਸਾਈਬਰ ਅਪਰਾਧ ਵਿਭਾਗ ਦੇ ਸਹਿਯੋਗ ਨਾਲ ਸਾਈਬਰ ਅਪਰਾਧ ਬਾਰੇ ਜਾਗਰੂਕਤਾ 'ਤੇ ਇੱਕ ਵਿਸ਼ੇਸ਼ ਸੈਸ਼ਨ ਵੀ ਆਯੋਜਿਤ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਅਰਚਨਾ ਗਰਗ ਵੀ ਮੌਜੂਦ ਰਹੇ। ਕੇਂਦਰੀ ਸੰਚਾਰ ਬਿਊਰੋ ਦੇ ਸਹਾਇਕ ਡਾਇਰੈਕਟਰ ਰਾਜੇਸ਼ ਬਾਲੀ ਨੇ ਸਰੋਤ ਵਿਅਕਤੀਆਂ ਦਾ ਸਵਾਗਤ ਕੀਤਾ ਅਤੇ ਸਮਾਗਮ ਵਿੱਚ ਸ਼ਾਮਲ ਲੋਕਾਂ ਨੂੰ ਪ੍ਰੋਗਰਾਮ ਦੇ ਉਦੇਸ਼ਾਂ ਅਤੇ

ਭਾਰਤ ਸਰਕਾਰ ਦੀ ਨੋਡਲ ਏਜੰਸੀ ਵਜੋਂ ਸੀ.ਬੀ.ਸੀ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ, ਜੋ ਸਰਕਾਰੀ ਪਹਿਲਕਦਮੀਆਂ, ਯੋਜਨਾਵਾਂ ਅਤੇ ਮੁਹਿੰਮਾਂ ਬਾਰੇ ਜਾਗਰੂਕਤਾ ਫੈਲਾਉਣ ਦਾ ਕੰਮ ਕਰਦੀ ਏ । ਜ਼ਿਲ੍ਹਾ ਲੀਡ ਬੈਂਕ ਦੇ ਵਿੱਤੀ ਸਾਖਰਤਾ ਸਲਾਹਕਾਰ ਰਜਨੀਸ਼ ਕਾਂਤ ਨੇ ਮੁਦਰਾ ਯੋਜਨਾ, ਸਕਿੱਲ ਇੰਡੀਆ, ਅਤੇ ਹੋਰ ਬੈਂਕਿੰਗ ਨਾਲ ਸਬੰਧਤ ਯੋਜਨਾਵਾਂ ਬਾਰੇ ਜਦਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਠੋਸ ਰਹਿੰਦ-ਖੂੰਹਦ ਪ੍ਰਬੰਧਨ ਮਾਹਰ ਤਰਨੇਂਦਰ ਜੀਤ ਸਿੰਘ ਨੇ ਸਫਾਈ ਅਤੇ ਠੋਸ ਰਹਿੰਦ-ਖੂੰਹਦ ਪ੍ਰਬੰਧਨ ਅਤੇ ਵਾਤਾਵਰਣ ਦੀ ਰਾਖੀ ਦੇ ਪ੍ਰਭਾਵਸ਼ਾਲੀ ਢੰਗ-ਤਰੀਕਿਆਂ 'ਤੇ ਚਾਨਣਾ ਪਾਇਆ । ਮੋਹਾਲੀ ਤੋਂ ਪੰਜਾਬ ਪੁਲਿਸ ਦੇ ਸਾਈਬਰ ਕ੍ਰਾਈਮ ਵਿੰਗ ਦੇ ਇੰਸਪੈਕਟਰ ਜੁਝਾਰ ਸਿੰਘ ਨੇ ਸਾਈਬਰ ਹੈਲਪਲਾਈਨ ਨੰਬਰ 1930 ਅਤੇ ਸਬੰਧਤ ਵੈੱਬਸਾਈਟ ਬਾਰੇ ਮਹੱਤਵਪੂਰਨ ਜਾਣਕਾਰੀ ਵੀ ਸਾਂਝੀ ਕੀਤੀ, । ਸ਼ਹੀਦੀ ਦਿਵਸ ਦੇ ਮੌਕੇ 'ਤੇ ਮਹਾਤਮਾ ਗਾਂਧੀ ਨੂੰ ਸਮਰਪਿਤ ਸਵੱਛਤਾ ਸਹੁੰ ਵੀ ਚੁੱਕੀ ਗਈ। ਮਹਾਤਮਾ ਨੂੰ ਸ਼ਰਧਾਂਜਲੀ ਵਜੋਂ ਕਾਲਜ ਕੈਂਪਸ ਦੇ ਬਾਹਰ ਇੱਕ ਸਫਾਈ ਮੁਹਿੰਮ ਵੀ ਚਲਾਈ ਗਈ। ਇਸ ਤੋਂ ਇਲਾਵਾ ਸਵੱਛਤਾ ਅਤੇ 'ਬੇਟੀ ਬਚਾਓ, ਬੇਟੀ ਪੜ੍ਹਾਓ' 'ਤੇ ਅਧਾਰਤ ਨੁੱਕੜ ਨਾਟਕਾਂ ਦੇ ਨਾਲ-ਨਾਲ ਇੱਕ ਬੇਤਰਤੀਬ ਪ੍ਰਸ਼ਨੋਤਰੀ ਵੀ ਕਰਵਾਈ ਗਈ ।

---------------------------------------------------

ਵੋਟਰ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਵਿੱਚ ਲੋਕਤੰਤਰੀ ਭਾਗੀਦਾਰੀ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ, ਮਾਈ ਭਾਰਤ ਤਰਨ ਤਾਰਨ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਦੇ ਸਹਿਯੋਗ ਨਾਲ ਇੱਕ ਜ਼ਿਲ੍ਹਾ ਪੱਧਰੀ ਪੈਦਲ ਮਾਰਚ ਕੀਤਾ ਗਿਆ । ਪ੍ਰੋਗਰਾਮ ਦੀ ਸ਼ੁਰੂਆਤ ਵਿਚ ਮਾਈ ਭਾਰਤ ਦੀ ਡਿਪਟੀ ਡਾਇਰੈਕਟਰ ਜਸਲੀਨ ਕੌਰ ਨੇ ਜ਼ਿੰਮੇਵਾਰ ਵੋਟਿੰਗ ਦੀ ਮਹੱਤਤਾ `ਤੇ ਚਾਨਣਾ ਪਾਇਆ ਅਤੇ ਨੌਜਵਾਨਾਂ ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਮਾਸਟਰ ਟ੍ਰੇਨਰ ਅਮਨਦੀਪ ਸਿੰਘ ਨੇ  ਵੋਟਿੰਗ ਦੀ ਮਹੱਤਤਾ, ਨੈਤਿਕ ਚੋਣ ਅਭਿਆਸਾਂ ਅਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਵਿੱਚ ਨੌਜਵਾਨ ਵੋਟਰਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਵਿਸਥਾਰ ਨਾਲ ਦੱਸਿਆ। ਇਸ ਪ੍ਰੋਗਰਾਮ ਵਿੱਚ ਚੋਣ ਜਾਗਰੂਕਤਾ, ਵੋਟਰ ਸਹੁੰ ਚੁੱਕਣ, ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਦੇ  ਸਨਮਾਨ ਸਮੇਤ ਕਈ ਗਤੀਵਿਧੀਆਂ ਸ਼ਾਮਲ ਸਨ, ਜਿਸ ਵਿੱਚ ਵਿਦਿਆਰਥੀਆਂ, ਮਾਈ ਭਾਰਤ ਵਲੰਟੀਅਰਾਂ ਅਤੇ ਅਧਿਕਾਰੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਸਾਰੇ ਪਤਵੰਤਿਆਂ, ਭਾਗੀਦਾਰਾਂ ਅਤੇ ਵਿਦਿਆਰਥੀਆਂ ਨੇ ਨੌਜਵਾਨ ਸਸ਼ਕਤੀਕਰਨ, ਵੋਟਰ ਜਾਗਰੂਕਤਾ ਅਤੇ ਰਾਸ਼ਟਰ ਨਿਰਮਾਣ ਲਈ ਅਜਿਹੇ ਪ੍ਰਭਾਵਸ਼ਾਲੀ ਪ੍ਰੋਗਰਾਮਾਂ ਨੂੰ ਲਗਾਤਾਰ ਆਯੋਜਿਤ ਕਰਨ ਲਈ ਮਾਈ ਭਾਰਤ ਦੀ ਸ਼ਲਾਘਾ ਕੀਤੀ ਅਤੇ ਧੰਨਵਾਦ ਕੀਤਾ।

------------------------------------------------------------

ਕੇਂਦਰ ਸਰਕਾਰ ਦੇ ਵਨ ਮਹੋਤਸਵ ਅਭਿਆਨ 2025-26 ਦੇ ਤਹਿਤ, ਇੰਡੀਆਨ ਆਇਲ ਦੀ ਉੱਤਰੀ ਖੇਤਰ ਪਾਈਪ ਲਾਈਨਸ, ਊਨਾ ਵੱਲੋਂ ਸੀਮਾ ਸੁਰੱਖਿਆ ਬਲ ਦੇ ਹੁਸ਼ਿਆਰਪੁਰ 'ਚ ਸਹਾਇਕ ਸਿਖਲਾਈ ਕੇਂਦਰ, ਖੜਕਾਂ ਕੈਂਪ ਵਿੱਚ ਬੂਟੇ ਲਾਉਣ ਦੀ ਮੁਹਿੰਮ ਚਲਾਈ ਗਈ। ਇਸ ਪਹਿਲ ਤਹਿਤ ਬੀ.ਐਸ.ਐਫ. ਕੈਂਪਸ ਵਿੱਚ 150 ਕਿੰਨੂ ਦੇ ਬੂਟਿਆਂ ਨਾਲ ਇੱਕ ਸੁੰਦਰ ਕਿੰਨੂ ਗਾਰਡਨ ਤਿਆਰ ਕੀਤਾ ਗਿਆ। ਮੁਹਿੰਮ ਦੀ ਅਗਵਾਈ ਬੀ.ਐਸ.ਐਫ. ਵੱਲੋਂ ਸੈਕੰਡ ਇਨ ਕਮਾਂਡ ਦਿਨੇਸ਼ ਕੁਮਾਰ, ਅਤੇ ਸੈਕੰਡ ਇਨ ਕਮਾਂਡ ਟ੍ਰੇਨਿੰਗ ਸਤੇਏਂਦ੍ਰ ਪਾਠਕ ਨੇ ਕੀਤੀ। ਇੰਡੀਅਨ ਆਇਲ ਵੱਲੋਂ ਸਟੇਸ਼ਨ ਇੰਜਰਜ ਅਮਨਦੀਪ ਭਾਰਦਵਾਜ, ਅਤੇ ਅੰਕਿਤ ਗੁਪਤਾ ਮੌਜੂਦ ਰਹੇ।

------------------------------------------------------------

ਅੱਜ ਵਿਸ਼ਵ ਕੁਸ਼ਟਰੋਗ ਦਿਵਸ ਮਨਾਇਆ ਜਾ ਰਿਹਾ ਏ। ਹਰ ਸਾਲ 30 ਜਨਵਰੀ ਨੂੰ ਮਨਾਇਆ ਜਾਂਦਾ ਏ। ਇਹ ਦਿਨ ਭਾਰਤ ਵਿੱਚ ਹੋਰ ਵੀ ਖਾਸ ਏ ਕਿਉਂਕਿ ਇਹ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੀ ਬਰਸੀ ਨੂੰ ਵੀ ਦਰਸਾਉਂਦਾ ਹੈ। ਕੁਸ਼ਟਰੋਗ ਨਾਲ ਰਹਿੰਦਿਆਂ, ਗਾਂਧੀ ਜੀ ਉਨ੍ਹਾਂ ਦੇ ਦਰਦ ਨੂੰ ਸਮਝਿਆ ਅਤੇ ਸਮਾਜ ਨੂੰ ਸਿਖਾਇਆ ਕਿ ਇਹ ਬਿਮਾਰੀ ਨਹੀਂ ਸਗੋਂ ਮਾਨਸਿਕਤਾ ਵਿੱਚ ਤਬਦੀਲੀ ਦੀ ਲੋੜ ਏ।

ਇਸੇ ਤਹਿਤ ਕੁਸ਼ਟਰੋਗੀਆਂ ਦੇ ਮੁੜ ਵਸੇਬੇ ਬਾਰੇ ਕੰਮ ਕਰਨ ਵਾਲੇ ਚੰਡੀਗੜ੍ਹ ਦੇ ਸਮਾਜ ਸੇਵੀ ਅਤੇ 'ਪਦਮ ਸ੍ਰੀ' ਨਾਲ ਸਨਮਾਨਿਤ ਪ੍ਰੇਮ ਸਿੰਘ ਨੇ ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਕਿਹਾ।

BYTE

---------------------------------------------------------------

ਜਲੰਧਰ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅੱਜ ਤੋਂ ਪਹਿਲੀ ਫਰਵਰੀ ਤੱਕ ਜ਼ਿਲ੍ਹਾ ਜਲੰਧਰ ਵਿਖੇ ‘ਨੋ ਫਲਾਇੰਗ ਜ਼ੋਨ’ ਐਲਾਨਿਆ ਏ। ਹੁਕਮਾਂ ਮੁਤਾਬਿਕ ਜ਼ਿਲ੍ਹਾ ਜਲੰਧਰ ਦੀ ਹੱਦ ਅੰਦਰ ਪ੍ਰਧਾਨ ਮੰਤਰੀ ਅਤੇ ਹੋਰ ਵੀ.ਵੀ.ਆਈ.ਪੀ. ਦੇ ਹੈਲੀਕਾਪਟਰ ਜਾ ਜਹਾਜ ਤੋਂ ਬਿਨਾ ਕਿਸੇ ਵੀ ਕਿਸਮ ਦਾ ਸਿਵਲ ਰਿਮੋਰਟ, ਪਾਇਲਟ ਏਅਰ ਕਰਾਫ਼ਟ ਸਿਸਟਮ, ਡਰੋਨ, ਹੈਲੀਕਾਪਟਰ ਉਡਾਉਣ ’ਤੇ ਪਾਬੰਦੀ ਲਗਾਈ ਗਈ ਏ। ਇਹ ਹੁਕਮ ਅੱਜ ਤੋਂ 1 ਫਰਵਰੀ ਤੱਕ ਲਾਗੂ ਰਹੇਗਾ।

---------------------------------------------------------------

- ਦੇਸ਼ ਅੱਜ ਮਹਾਤਮਾ ਗਾਂਧੀ ਨੂੰ ਉਨ੍ਹਾਂ ਦੀ 78ਵੀਂ ਬਰਸੀ ਮੌਕੇ ਸ਼ਰਧਾਂਜਲੀ ਭੇਟ ਕਰ ਰਿਹਾ ਏ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਿਹਤ ਵਿਭਾਗ ਦੇ ਨਵ ਨਿਯੁਕਤ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ।

- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਅੱਜ ਬਟਾਲਾ ਵਿੱਚ, ਅੰਮ੍ਰਿਤਸਰ, ਬਟਾਲਾ, ਗੁਰਦਾਸਪੁਰ, ਪਠਾਨਕੋਟ ਅਤੇ ਤਰਨਤਾਰਨ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨਾਲ ਗੈਂਗਸਟਰਾਂ ਖਿਲਾਫ ਕਾਰਵਾਈ ਬਾਰੇ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ।

- ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਦੇ ਨੈਟਵਰਕ ਦਾ ਪਰਦਾਫਾਸ਼ ਕਰਦਿਆਂ 2 ਤਸਕਰਾਂ ਨੂੰ 51 ਕਿਲੋ ਤੋਂ ਵੱਧ ਹੈਰੋਇਨ ਸਮੇਤ ਕੀਤਾ ਗਿਰਫ਼ਤਾਰ ।

- ਕੇਂਦਰ ਸਰਕਾਰ ਦੇ ਵਨ ਮਹੋਤਸਵ ਅਭਿਆਨ ਤਹਿਤ ਹੁਸ਼ਿਆਰਪੁਰ ਸਥਿਤ BSF ਦੇ ਖੜਕਾਂ ਕੈਂਪ ਵਿੱਚ ਬੂਟੇ ਲਾਉਣ ਦੀ ਮੁਹਿੰਮ ਚਲਾਈ ਗਈ ।

- ਵੋਟਰ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ  ਤਰਨਤਾਰਨ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜ਼ਿਲ੍ਹਾ ਪੱਧਰੀ ਪੈਦਲ ਮਾਰਚ ਦਾ ਆਯੋਜਨ।

---------------------------------------------------------------

**ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,  ਖਬਰਾਂ ਦਾ ਅਗਲਾ  ਬੁਲੇਟਿਨ  ਤੁਸੀਂ ਸੁਣੋਗੇ 7 ਵੱਜਕੇ 30 ਮਿੰਟ  'ਤੇ**

**ਨਮਸਕਾਰ  !**